# ਦਫਤਰ ਡਾਇਰੈਕਟੋਰੇਟ ਆਫ ਸਕੂਲ ਐਜੂਕੇਸ਼ਨ (ਸੈਕੰਡਰੀ), ਪੰਜਾਬ

ਮੀਮੋਨੰ:Transfer Cell/2023/322388/343 ਮਿਤੀ: 28.03.2023

## ਜਨਤਕ ਸੂਚਨਾ

1.0 ਪੰਜਾਬ ਸਰਕਾਰ, ਸਿੱਖਿਆ ਵਿਭਾਗ ਦੇ ਪੱਤਰ ਨੰ 11/35/2018-1edu6/1508658, ਮਿਤੀ 25.06.2019 ਰਾਹੀਂ ਅਧਿਆਪਕਾਂ ਦੀ Teachers Transfer Policy-2019 ਜਾਰੀ ਕੀਤੀ ਗਈ ਸੀ ਅਤੇ ਉਸ ਉਪਰੰਤ ਸਮੇਂ ਸਮੇਂ ਤੇ ਸੋਧਾਂ ਜਾਰੀ ਕੀਤੀਆਂ ਗਈਆਂ ਸਨ।

2.0 ਇਸ ਤੋਂ ਇਲਾਵਾ Punjab ICT Education Society (PICTES) ਅਧੀਨ ਕੰਮ ਕਰ ਰਹੇ ਕੰਪਿਊਟਰ ਫੈਕਲਟੀ ਲਈ ਤਬਾਦਲਾ ਨੀਤੀ ਮੀਮੋ ਨੰ 5/3-ICT-2019/Trans/303800, ਮਿਤੀ 13.09.2019 ਅਤੇ ਨਾਨ ਟੀਚਿੰਗ ਸਟਾਫ ਲਈ ਤਬਾਦਲਾ ਨੀਤੀ ਮੀਮੋ ਨੰ: 2/14/2020-**2edu3/2020487/1** ਮਿਤੀ 27.05.2020 ਜਾਰੀ ਕੀਤੀ ਗਈ ਸੀ। ਜੋ ਸ਼ੋਧਾਂ ਅਧਿਆਪਕਾਂ ਦੇ ਤਬਾਦਲਿਆਂ ਲਈ ਜਾਰੀ ਕੀਤੀਆਂ ਗਈਆਂ ਹਨ ਉਹ ਕੰਪਿਊਟਰ ਫੈਕਲਟੀ ਅਤੇ ਨਾਨ ਟੀਚਿੰਗ ਸਟਾਫ ਤੇ ਬਦਲੀਆਂ ਲਈ ਲਾਗੂ ਹੋਣਗੀਆਂ।

**3.0** ਵਿਭਾਗ ਵਲੋਂ ਸਾਲ **2019, 2021** ਅਤੇ **2022** ਦੌਰਾਨ ਆਨਲਾਈਨ ਵਿਧੀ ਰਾਹੀਂ ਪਾਲਿਸੀ ਤਹਿਤ ਅਧਿਆਪਕਾਂ/ਕੰਪਿਊਟਰ ਫੈਕਲਟੀ ਦੀਆਂ ਬਦਲੀਆਂ ਕੀਤੀਆਂ ਗਈਆਂ ਸਨ। ਇਹਨਾਂ ਬਦਲੀਆਂ ਦੌਰਾਨ ਕੁਝ ਅਧਿਆਪਕ/ਕੰਪਿਊਟਰ ਫੈਕਲਟੀ ਅਜਿਹੇ ਹਨ ਜੋ ਬਦਲੀ ਕਰਵਾਉਣ ਵਿੱਚ ਸਫਲ ਹੋ ਗਏ ਸਨ ਪਰੰਤੂ ਕੁਝ ਕਾਰਨਾਂ ਕਰਕੇ ਉਹਨਾਂ ਦੀ ਬਦਲੀ ਲਾਗੂ ਨਹੀਂ ਹੋ ਸਕੀ ਅਤੇ ਉਹ ਉਸੇ ਸਕੂਲ ਵਿੱਚ ਕੰਮ ਕਰ ਰਹੇ ਹਨ ਜਿਥੋਂ ਉਹਨਾਂ ਦੀ ਬਦਲੀ ਹੋਈ ਸੀ। ਅਜਿਹੇ ਅਧਿਆਪਕ ਜਿੰਨਾਂ ਦੀ ਬਦਲੀ ਲਾਗੂ ਨਹੀਂ ਹੋ ਸਕੀ ਅਤੇ ਉਸੇ ਸਕੂਲ ਵਿੱਚ ਕੰਮ ਕਰ ਰਹੇ ਹਨ, ਨੂੰ ਇੱਕ ਵਾਰ ਬਦਲੀ ਰੱਦ ਕਰਵਾਉਣ ਦਾ ਮੌਕਾ ਦਿੱਤਾ ਜਾਂਦਾ ਹੈ। ਅਜਿਹੇ ਅਧਿਆਪਕ/ਕੰਪਿਊਟਰ ਫੈਕਲਟੀ ਜੋ ਬਦਲੀ ਰੱਦ ਕਰਵਾਉਣਾ ਚਾਹੁੰਦੇ ਹਨ ਉਹ ਈ-ਪੰਜਾਬ ਸਕੂਲ ਪੋਰਟਲ ਤੇ ਲਾਗ ਇਨ ਕਰਕੇ **Transfer Cancellation Link** ਤੇ **Click** ਕਰਕੇ ਬਦਲੀ ਰੱਦ ਕਰਵਾਉਣ ਲਈ ਆਨਲਾਈਨ ਬੇਨਤੀ ਮਿਤੀ **29.03.2023** ਤੋਂ **30.03.2023** ਤੱਕ ਦੇ ਸਕਦੇ ਹਨ। ਮਿਤੀ **30.03.2023** ਤੋਂ ਬਾਅਦ ਅਜਿਹੀ ਕਿਸੇ ਵੀ ਬੇਨਤੀ ਤੇ ਵਿਚਾਰ ਨਹੀਂ ਕੀਤਾ ਜਾਵੇਗਾ।

28/03/2023

**ਸਹਾਇਕ ਡਾਇਰੈਕਟਰ (ਵਰਕਸ ਤੇ ਪਲਾਨਿੰਗ)**

ਦਫਤਰ ਜ਼ਿਲ੍ਹਾ ਸਿੱਖਿਆ ਅਫਸਰ (ਐ.ਸਿ/ਸੈ.ਸਿ.) ਬਠਿੰਡਾ

ਪਿੱਠ ਅੰਕਣ ਨੰਬਰ: 202394161 ਮਿਤੀ: 29.03.2023

ਉਪਰੋਕਤ ਦਾ ਉਤਾਰਾ ਸਮੂਹ ਸਰਕਾਰੀ ਸਕੂਲ ਮੁਖੀਆਂ ਨੂੰ ਇਨ ਬਿਨ ਪਾਲਣਾ ਹਿੱਤ ਭੇਜਿਆਂ ਜਾਂਦਾ ਹੈ।

29/3/23

ਜ਼ਿਲ੍ਹਾ ਸਿੱਖਿਆ ਅਫਸਰ (ਐ.ਸਿ.)
ਬਠਿੰਡਾ

ਜ਼ਿਲ੍ਹਾ ਸਿੱਖਿਆ ਅਫਸਰ (ਸੈ.ਸਿ.)
ਬਠਿੰਡਾ